# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

## 18:20

**ਮਿਤੀ :30-09-2026**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜਲੰਧਰ ਵਿਖੇ 'ਨਸ਼ਾ ਮੁਕਤ ਪੰਜਾਬ ਰੈਲੀ' ਨੂੰ ਸੰਬੋਧਨ ਕੀਤਾ -ਕਿਹਾ 2029 ਦੇ ਅਖੀਰ ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ।

- ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਕੱਲ ਤੋਂ ਸ਼ੁਰੂ ਹੋਵੇਗੀ- ਸਰਕਾਰ ਵਲੋਂ ਸਾਰੀਆਂ ਤਿਆਰੀਆਂ ਮੁਕੰਮਲ।

- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮਿਸ਼ਨ ਕਲੀਨ ਪਟਿਆਲਾ' ਤਹਿਤ 13 ਟਨ ਤੋਂ ਵੱਧ ਕੂੜਾ ਚੁੱਕਿਆ ਗਿਆ -ਵਧੀਆ ਕਾਰਗੁਜ਼ਾਰੀ ਵਾਲੀਆਂ ਸੰਸਥਾਵਾਂ ਨੂੰ ਕੀਤਾ ਸਨਮਾਨਿਤ।

- PSPCL ਵੱਲੋਂ ਖੇਤੀਬਾੜੀ ਟਿਊਬਵੈੱਲ ਖਪਤਕਾਰਾਂ ਦੇ ਅਣ-ਅਧਿਕਾਰਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ ਵਲੰਟਰੀ ਡਿਸ-ਕਲੋਜ਼ਰ ਸਕੀਮ ਲਾਗੂ ਕੀਤੀ ਗਈ।

- ਭਾਰਤ ਨੇ ਅੱਜ ਜਾਪਾਨ ਏਸ਼ੀਆਈ ਖੇਡਾਂ ਵਿੱਚ ਤੀਰਅੰਦਾਜ਼ੀ ਵਿੱਚ ਤਿੰਨ ਅਤੇ ਨਿਸ਼ਾਨੇਬਾਜ਼ੀ ਵਿੱਚ ਇੱਕ ਸੋਨੇ ਦੇ ਤਮਗੇ ਸਮੇਤ ਸੋਨੇ ਦੇ ਕੁੱਲ ਚਾਰ ਤਮਗੇ ਜਿੱਤੇ ।

- ਮਰਦਾਂ ਦੇ ਕ੍ਰਿਕੇਟ ਵਿਚ ਤਿੰਨ, ਇੱਕ ਰੋਜ਼ਾ ਕ੍ਰਿਕੇਟ ਮੈਚਾਂ ਦੀ ਲੜੀ ਦੇ ਦੂਜੇ ਮੈਚ ਵਿਚ ਵੈਸਟਇੰਡੀਜ਼ ਨੇ ਭਾਰਤ ਸਾਹਮਣੇ 406 ਦੌੜਾਂ ਦਾ ਟੀਚਾ ਰੱਖਿਆ ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਭਰੋਸਾ ਦਿੱਤਾ ਏ ਕਿ 2029 ਦੇ ਅਖੀਰ ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ। ਅੱਜ ਜਲੰਧਰ ਵਿਖੇ 'ਨਸ਼ਾ ਮੁਕਤ ਪੰਜਾਬ ਰੈਲੀ' ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਲੋਕਾਂ ਨੂੰ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ BJP ਨੂੰ ਵੋਟ ਪਾਉਣ ਦੀ ਅਪੀਲ । ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਹੁਤ ਸਾਰੀਆਂ ਸਮੱਸਿਆਵਾਂ ਨੇ ਭਾਵੇਂ ਉਹ ਕਿਸਾਨਾਂ, ਉਦਯੋਗਾਂ, ਕਾਨੂੰਨ ਵਿਵਸਥਾ ਜਾਂ ਔਰਤਾਂ ਦੀ ਸੁਰੱਖਿਆ ਨਾਲ ਸਬੰਧਤ ਹੋਣ, ਪਰ ਪਾਰਟੀ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸੂਬੇ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਕਰਨ ਦੇ ਮੁੱਦੇ 'ਤੇ ਲੜੇਗੀ। ਉਨ੍ਹਾਂ ਵਾਅਦਾ ਕੀਤਾ ਕਿ 2029 ਦੇ ਅਖੀਰ ਤੱਕ ਸੂਬੇ ਵਿੱਚ ਇੱਕ ਵੀ 'ਚਿੱਟਾ' ਤਸਕਰ ਨਹੀਂ ਬਚੇਗਾ।

BYTE

BJP ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਪਾਰਟੀ ਦੇ ਕਈ ਹੋਰ ਸੀਨੀਅਰ ਆਗੂ ਇਸ ਮੌਕੇ 'ਤੇ ਮੌਜੂਦ ਸਨ। ਉਨ੍ਹਾਂ ਕਿਹਾ ਕਿ BJP ਆਪਣੇ ਵਾਅਦੇ ਪੂਰੇ ਕਰਦੀ ਏ ਅਤੇ ਕਸ਼ਮੀਰ ਅਤੇ ਉੱਤਰ-ਪੂਰਬੀ ਰਾਜਾਂ ਦੀ ਮਿਸਾਲ ਦਿੱਤੀ, ਜਿਨ੍ਹਾਂ ਨੂੰ ਦਹਿਸ਼ਤਗਰਦੀ  ਮੁਕਤ ਬਣਾਇਆ ਗਿਆ ਏ । ਉਨ੍ਹਾਂ ਕਿਹਾ ਕਿ ਵਾਅਦੇ ਅਨੁਸਾਰ, ਨਕਸਲਵਾਦ ਵੀ ਖਤਮ ਹੋ ਗਿਆ ਏ ਅਤੇ ਹੁਣ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੀ ਵਾਰੀ ਏ । ਪੰਜਾਬ ਦੇ ਮਹਾਨ ਸ਼ਹੀਦਾਂ, ਸ਼ਹੀਦ ਭਗਤ ਸਿੰਘ, ਊਧਮ ਸਿੰਘ ਅਤੇ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਮੁੱਖ ਭੂਮਿਕਾ ਨਿਭਾਉਣ ਵਾਲੇ ਹੋਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਗ੍ਰਿਹ ਮੰਤਰੀ ਨੇ ਕਿਹਾ ਕਿ ਜੋ ਸੂਬਾ ਕਦੇ ਬਹਾਦਰੀ, ਖੇਤੀਬਾੜੀ ਅਤੇ ਖੁਸ਼ਹਾਲੀ ਲਈ ਜਾਣਿਆ ਜਾਂਦਾ ਸੀ, ਹੁਣ ਲਗਾਤਾਰ ਵਧ ਰਹੇ ਨਸ਼ਿਆਂ ਦੇ ਖਤਰੇ ਨਾਲ ਜਾਣਿਆ ਜਾਂਦਾ ਏ । ਉਨ੍ਹਾਂ ਮੌਜੂਦਾ ਆਮ ਆਦਮੀ ਪਾਰਟੀ ' ਸਰਕਾਰ ਨੂੰ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ, ਭ੍ਰਿਸ਼ਟਾਚਾਰ ਅਤੇ ਨਸ਼ਿਆਂ ਦੇ ਖਤਰੇ ਵਿੱਚ ਵਾਧੇ ਲਈ ਜ਼ਿੰਮੇਵਾਰ ਠਹਿਰਾਇਆ।

BYTE

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ 2022 ਵਿੱਚ ਪੰਜਾਬ ਨੂੰ 3 ਮਹੀਨਿਆਂ ਦੇ ਅੰਦਰ ਨਸ਼ਾ ਮੁਕਤ ਕਰਨ ਦਾ ਐਲਾਨ ਕਰਨ ਦੇ ਬਾਵਜੂਦ, ਆਪਣਾ ਵਾਅਦਾ ਪੂਰਾ ਕਰਨ ਵਿੱਚ ਅਸਫਲ ਰਹੀ ਏ। ਸਾਡੇ ਪੱਤਰਕਾਰ ਨੇ ਦਸਿਆ ਕਿ ਕਿ ਅਮਿਤ ਸ਼ਾਹ ਨੇ ਉਨ੍ਹਾਂ ਨਸ਼ਾ ਪ੍ਰਭਾਵਿਤ

ਪਰਿਵਾਰਾਂ ਨਾਲ ਵੀ ਮੁਲਾਕਾਤ ਕੀਤੀ ਜਿਨ੍ਹਾਂ ਨੇ ਆਪਣੇ ਨਜ਼ਦੀਕੀ ਅਤੇ ਪਿਆਰੇ ਗੁਆ ਦਿੱਤੇ ਹਨ ਅਤੇ ਭਰੋਸਾ ਦਿੱਤਾ ਕਿ ਪਾਰਟੀ ਦੇ ਸੱਤਾ ਵਿੱਚ ਆਉਣ 'ਤੇ ਨਸ਼ੇ ਵੇਚਣ ਵਾਲੇ ਹਰ ਵਿਅਕਤੀ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ। ਗ੍ਰਹਿ ਮੰਤਰੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਨੂੰ ਵੀ ਸਤਿਕਾਰ ਨਾਲ ਯਾਦ ਕੀਤਾ, ਜਿਨ੍ਹਾਂ ਨੇ ਹਿੰਦੂਆਂ ਨੂੰ ਬਚਾਉਣ ਅਤੇ ਦੇਸ਼ ਨੂੰ ਮੁਗਲਾਂ ਤੋਂ ਸੁਰੱਖਿਅਤ ਕਰਨ ਲਈ ਆਪਣੇ ਆਪ ਨੂੰ ਕੁਰਬਾਨ ਕਰ ਦਿੱਤਾ ਸੀ। ਇਸ ਤੋਂ ਪਹਿਲਾਂ ਅਮਿਤ ਸ਼ਾਹ ਨੇ ਇੱਥੇ ਸ੍ਰੀ ਦੇਵੀ ਤਲਾਬ ਮੰਦਰ ਵਿਖੇ ਇਤਿਹਾਸਕ 200 ਸਾਲ ਪੁਰਾਣੇ ਤ੍ਰਿਪੁਰ-ਮਾਲਿਨੀ ਤੀਰਥ ਸਥਾਨ 'ਤੇ ਮੱਥਾ ਟੇਕਿਆ।

------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਕੱਲ ਪਹਿਲੀ ਅਕਤੂਬਰ ਤੋਂ ਸ਼ੁਰੂ ਹੋ ਜਾਵੇਗੀ, ਜਿਸ ਲਈ ਸਰਕਾਰ ਨੇ ਸਾਰੀਆਂ ਤਿਆਰੀਆਂ ਕਰ ਲਈਆਂ ਨੇ । ਉਨ੍ਹਾਂ ਦੱਸਿਆ ਕਿ ਪੰਜਾਬ ਇਸ ਵਾਰ ਕੇਂਦਰੀ ਪੂਲ ਲਈ 180 ਲੱਖ ਮੀਟ੍ਰਿਕ ਟਨ ਖ਼ਰੀਦ ਕਰੇਗਾ।

BYTE

------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਹੋ ਰਹੇ ਨੇ - ਇਹ ਇੱਕ ਅਜਿਹਾ ਸਫ਼ਰ ਏ ਜਿਹੜਾ 'ਜਨ ਸੇਵਾ ਤੋਂ ਦੇਸ਼

ਸੇਵਾ' ਦੇ ਮੰਤਰ ਅਤੇ ਅਟੁੱਟ ਵਚਨਬੱਧਤਾ ਨਾਲ ਪਰਿਭਾਸ਼ਿਤ ਹੁੰਦਾ ਏ ਅਤੇ ਇਹ ਸਿਲਸਿਲਾ ਜਾਰੀ ਏ। ਸੇਵਾ ਅਤੇ ਸੁਸ਼ਾਸਨ ਦੀ ਇਸੇ ਸੋਚ ਤੋਂ ਪ੍ਰੇਰਿਤ ਹੋ ਕੇ, ਸਰਕਾਰ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਹਾਸਿਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ। ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆ ਰਿਹਾ ਏ। ਅੱਜ, 'ਸੇਵਾ ਸੰਕਲਪ ਅਭਿਆਨ' ਦੀ ਇਸ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ, ਇੱਕ ਮਿਸਾਲ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ, 'ਸਵੱਛ ਭਾਰਤ ਮਿਸ਼ਨ ' ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ।

## ਹੋਰ ਵੇਰਵੇ ਨਾਲ ਇਕ ਰਿਪੋਰਟ

2014 ਵਿੱਚ ਸ਼ੁਰੂ ਕੀਤੇ ਗਏ ਸਵੱਛ ਭਾਰਤ ਮਿਸ਼ਨ ਨੇ, ਸਵੱਛਤਾ ਨੂੰ ਦੇਸ਼ ਵਿਆਪੀ ਜਨ ਅੰਦੋਲਨ ਵਿੱਚ ਬਦਲ ਦਿੱਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਵੱਛਤਾ, ਸਨਮਾਨ ਅਤੇ ਲੋਕਾਂ ਦੀ ਸੋਚ ਵਿੱਚ ਬਦਲਾਅ ਨੂੰ ਇਸ ਮੁਹਿੰਮ ਦਾ ਮੁੱਖ ਹਿੱਸਾ ਬਣਾਇਆ। ਇਸ ਤਹਿਤ 12 ਕਰੋੜ ਤੋਂ ਵੱਧ ਘਰਾਂ ਵਿੱਚ ਪਖਾਨੇ ਬਣਾਏ ਗਏ ਅਤੇ 2019 ਤੱਕ ਭਾਰਤ ਦੇ ਪਿੰਡਾਂ ਨੂੰ ਖੁੱਲ੍ਹੇ ਵਿੱਚ ਸ਼ੌਚ ਤੋਂ ਮੁਕਤ (ODF) ਐਲਾਨਿਆ ਗਿਆ। ਇਸ ਮੁਹਿੰਮ ਦਾ ਉਦੇਸ਼ ਸਿਰਫ਼ ਪਖਾਨੇ ਬਣਾਉਣ ਤੱਕ ਹੀ ਸੀਮਿਤ ਨਹੀਂ ਸੀ। 2024 ਦੇ ਇੱਕ ਅਧਿਐਨ ਮੁਤਾਬਕ, ਜਿਨ੍ਹਾਂ ਜ਼ਿਲ੍ਹਿਆਂ ਵਿੱਚ ਪਖਾਨਿਆਂ ਦੀ ਸਹੂਲਤ ਵੱਧ ਸੀ, ਉੱਥੇ ਛੋਟੇ ਬੱਚਿਆਂ ਦੀ ਮੌਤ ਦਰ ਵੀ ਘੱਟ ਰਹੀ। ਇਸ ਤੋਂ ਇਲਾਵਾ ਸਵੱਛਤਾ ਵਿੱਚ ਸੁਧਾਰ ਨਾਲ, ਹਰ ਸਾਲ ਕਰੀਬ 70,000 ਬੱਚਿਆਂ ਦੀਆਂ ਜਾਨਾਂ ਬਚਾਉਣ ਵਿੱਚ ਮੱਦਦ ਮਿਲ ਸਕੀ। ਸਵੱਛਤਾ ਸਰਵੇਖਣ ਨੇ ਵੀ ਸ਼ਹਿਰਾਂ ਅਤੇ ਕਸਬਿਆਂ ਵਿੱਚ ਸਫ਼ਾਈ ਲਈ ਮੁਕਾਬਲੇ ਦੀ ਭਾਵਨਾ ਪੈਦਾ ਕੀਤੀ। ਸ਼ਹਿਰਾਂ ਨੂੰ ਸਵੱਛਤਾ, ਕੂੜਾ ਪ੍ਰਬੰਧਨ ਅਤੇ ਲੋਕਾਂ ਦੀ ਹਿੱਸੇਦਾਰੀ ਦੇ ਆਧਾਰ ’ਤੇ ਦਰਜਾ ਦਿੱਤਾ ਜਾਣ ਲੱਗਾ। 2 ਅਕਤੂਬਰ 2014 ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੁਦ ਝਾੜੂ ਚੁੱਕ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਹੋਰ ਲੋਕਾਂ ਨੂੰ ਵੀ ਇਸ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਤਰ੍ਹਾਂ, ਸਵੱਛ ਭਾਰਤ ਮਿਸ਼ਨ ਨੇ ਸਵੱਛਤਾ ਨੂੰ ਸਿਰਫ਼ ਪਖਾਨਿਆਂ ਤੱਕ ਸੀਮਿਤ ਨਾ ਰੱਖ ਕੇ ਸਿਹਤ, ਸਨਮਾਨ ਅਤੇ ਲੋਕਾਂ ਦੀ ਹਿੱਸੇਦਾਰੀ ਨਾਲ ਜੋੜਿਆ। ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ

---------------------------------------------

ਪਟਿਆਲਾ ਨੂੰ ਹੋਰ ਸਾਫ਼-ਸੁਥਰਾ ਬਣਾਉਣ ਦੇ ਉਦੇਸ਼ ਨਾਲ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਅਪ੍ਰੈਲ 2026 ਵਿੱਚ ਸ਼ੁਰੂ ਕੀਤੀ ਲਗਾਤਾਰ ਸਫ਼ਾਈ ਮੁਹਿੰਮ 'ਮਿਸ਼ਨ ਕਲੀਨ ਪਟਿਆਲਾ' ਦੇ ਦੋ ਗੇੜ ਸਫਲਤਾਪੂਰਵਕ ਪੂਰੇ ਕਰ ਲਏ ਗਏ ਹਨ। ਪਟਿਆਲਾ ਵਿਖੇ ਇੱਕ ਸਮਾਗਮ ਦੌਰਾਨ ਚੇਅਰਪਰਸਨ ਰੀਨਾ ਗੁਪਤਾ ਅਤੇ ਨਗਰ ਨਿਗਮ ਕਮਿਸ਼ਨਰ, ਪੂਜਾ ਸਿਆਲ ਗਰੇਵਾਲ ਨੇ ਨਿਯਮਤ ਗਤੀਵਿਧੀਆਂ ਦੀ ਨਿਗਰਾਨੀ ਲਈ ਡੈਸ਼ਬੋਰਡ ਦਾ ਉਦਘਾਟਨ ਕੀਤਾ। ਇਸ ਦੇ ਨਾਲ ਹੀ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ ਦੇ ਉਦੇਸ਼ ਨਾਲ 'ਪਲਾਸਟਿਕ-ਮੁਕਤ ਲੰਚ' ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ। 'ਮਿਸ਼ਨ ਕਲੀਨ ਏਅਰ ਪਟਿਆਲਾ' ਤਹਿਤ ਚਲਾਈ ਜਾ ਰਹੀ 'ਮਿਸ਼ਨ ਕਲੀਨ ਪਟਿਆਲਾ' ਮੁਹਿੰਮ ਵਿੱਚ ਹੁਣ ਤੱਕ 50 ਤੋਂ ਵੱਧ ਸੰਸਥਾਵਾਂ ਨੇ ਹਿਸਾ ਲਿਆ ਏ ।ਜਿਨ੍ਹਾਂ ਸਨਮਾਨਿਤ ਕੀਤਾ ਗਿਆ | ਡੈਸ਼ਬੋਰਡ ਮੁਤਾਬਿਕ ਹੁਣ ਤੱਕ 13 ਹਜ਼ਾਰ 790 ਕਿਲੋਗ੍ਰਾਮ ਕੂੜਾ ਹਟਾਇਆ ਗਿਆ, 800 ਬੂਟੇ ਲਗਾਏ ਗਏ ਅਤੇ 1,814 ਵਲੰਟੀਅਰਾਂ ਨੇ ਹਿਸਾ ਲਿਆ। ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ "ਮਿਸ਼ਨ ਕਲੀਨ ਪਟਿਆਲਾ' ਦਾ ਮੁੱਖ ਉਦੇਸ਼ ਸਭ ਤੋਂ ਪਹਿਲਾਂ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣਾ ਅਤੇ ਸੜਕਾਂ ਤੇ ਜਨਤਕ ਥਾਵਾਂ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਏ ।

ਮੁਹਿੰਮ ਦੇ ਅਗਲੇ ਗੇੜ ਵਜੋਂ ਪੀਪੀਸੀਬੀ ਵੱਲੋਂ ਸਕੂਲਾਂ ਅਤੇ ਕਾਲਜਾਂ ਲਈ 'ਪਲਾਸਟਿਕ-ਮੁਕਤ ਲੰਚ' ਪਹਿਲਕਦਮੀ ਸ਼ੁਰੂ ਕੀਤੀ ਗਈ ਹੈ।

-------------------------------------------

ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ-PSPCL ਵੱਲੋਂ ਖੇਤੀਬਾੜੀ ਟਿਊਬਵੈੱਲ ਖਪਤਕਾਰਾਂ ਦੇ ਅਣਅਧਿਕਾਰਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ ਵਲੰਟਰੀ ਡਿਸ-ਕਲੋਜ਼ਰ ਸਕੀਮ-VDS ਲਾਗੂ ਕੀਤੀ ਗਈ ਏ । ਇਹ ਸਕੀਮ ਪਹਿਲੀ ਅਕਤੂਬਰ ਤੋਂ 45 ਦਿਨਾਂ ਲਈ ਲਾਗੂ ਰਹੇਗੀ। ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੀ.ਐਸ.ਪੀ.ਸੀ.ਐੱਲ ਮੈਨੇਜਮੈਂਟ ਵੱਲੋਂ ਜਾਰੀ ਕਮਰਸ਼ੀਅਲ ਸਰਕੂਲਰ ਮੁਤਾਬਿਕ ਇਹ ਸਕੀਮ 29 ਮਈ ਤੱਕ ਮੌਜੂਦ ਖੇਤੀਬਾੜੀ ਟਿਊਬਵੈੱਲ ਖਪਤਕਾਰਾਂ 'ਤੇ ਲਾਗੂ ਹੋਵੇਗੀ। ਇਸ ਸਕੀਮ ਤਹਿਤ ਖਪਤਕਾਰ ਆਪਣੇ ਕੁਨੈਕਸ਼ਨ 'ਤੇ ਮੌਜੂਦ ਅਣ-ਅਧਿਕਾਰਤ ਵਾਧੂ ਲੋਡ ਨੂੰ ਨਿਰਧਾਰਤ ਪ੍ਰਕਿਰਿਆ ਅਨੁਸਾਰ ਨਿਯਮਤ ਕਰਵਾ ਸਕਣਗੇ। ਸਰਕੂਲਰ ਅਨੁਸਾਰ ਇਸ ਸਕੀਮ ਤਹਿਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ ਹੁਣ ਸਰਵਿਸ ਕੁਨੈਕਸ਼ਨ ਚਾਰਜ 2,500 ਰੁਪਏ ਪ੍ਰਤੀ ਹਾਰਸ ਪਾਵਰ ਨਿਰਧਾਰਤ ਕੀਤਾ ਗਿਆ ਏ । ਜਾਰੀ ਹੁਕਮਾਂ ਅਨੁਸਾਰ ਖਪਤਕਾਰ ਆਪਣੇ ਖੇਤੀਬਾੜੀ ਟਿਊਬਵੈੱਲ ਦੇ ਅਣਅਧਿਕਾਰਤ ਲੋਡ ਨੂੰ ਹਟਾ ਸਕਦਾ ਏ ਜਾਂ ਲੋੜੀਂਦੀ ਰਾਸ਼ੀ ਜਮ੍ਹਾਂ ਕਰਵਾ ਕੇ ਵੀਡੀਐੱਸ ਤਹਿਤ ਇਸ ਨੂੰ ਨਿਯਮਤ ਕਰਵਾ ਸਕਦਾ ਹੈ।

ਖਪਤਕਾਰ ਵੱਲੋਂ ਸਵੈ-ਘੋਸ਼ਣਾ ਲਈ ਨਿਰਧਾਰਤ ਫਾਰਮ 1 ਭਰਨਾ ਹੋਵੇਗਾ ਅਤੇ ਜੇਕਰ ਕਾਰਵਾਈ ਖਪਤਕਾਰ ਦੇ ਕਿਸੇ ਹੋਰ ਨੁਮਾਇੰਦੇ ਰਾਹੀਂ ਕੀਤੀ ਜਾਂਦੀ ਏ ਤਾਂ ਉਸ ਵੱਲੋਂ ਫਾਰਮ 2 ਅਨੁਸਾਰ ਅੰਡਰਟੇਕਿੰਗ ਵੀ ਦੇਣੀ ਹੋਵੇਗੀ। ਇਸ ਸਕੀਮ ਤਹਿਤ ਫੀਲਡ ਅਧਿਕਾਰੀ ਅਤੇ ਇਨਫੋਰਸਮੈਂਟ ਟੀਮਾਂ ਖੇਤੀਬਾੜੀ ਖਪਤਕਾਰਾਂ ਦੇ ਕੁਨੈਕਸ਼ਨਾਂ ਦੀ ਜਾਂਚ ਕਰਕੇ ਜੁੜੇ ਹੋਏ ਲੋਡ ਦੀ ਤਸਦੀਕ ਕਰਨਗੀਆਂ ਅਤੇ ਅਣਅਧਿਕਾਰਤ ਲੋਡ ਦੀ ਸਹੀ ਅਸੈਸਮੈਂਟ ਵਿੱਚ ਖਪਤਕਾਰਾਂ ਦੀ ਸਹਾਇਤਾ ਕਰਨਗੀਆਂ।

-------------------------------------------------

ਮਰਦਾਂ ਦੇ ਕ੍ਰਿਕੇਟ ਵਿਚ ਤਿੰਨ, ਇੱਕ ਰੋਜ਼ਾ ਕ੍ਰਿਕੇਟ ਮੈਚਾਂ ਦੀ ਲੜੀ ਦੇ ਦੂਜੇ ਮੈਚ ਵਿਚ ਵੈਸਟਇੰਡੀਜ਼ ਨੇ ਭਾਰਤ ਸਾਹਮਣੇ 406 ਦੌੜਾਂ ਦਾ ਟੀਚਾ ਰੱਖਿਆ ਏ ।

-------------------------------------------------

ਭਾਰਤ ਨੇ ਅੱਜ ਜਾਪਾਨ ਏਸ਼ੀਆਈ ਖੇਡਾਂ ਵਿੱਚ ਕੁੱਲ ਚਾਰ ਸੋਨੇ ਦੇ ਤਮਗੇ ਜਿੱਤੇ, ਜਿਨ੍ਹਾਂ ਵਿੱਚ ਤੀਰਅੰਦਾਜ਼ੀ ਵਿੱਚ ਤਿੰਨ ਅਤੇ ਨਿਸ਼ਾਨੇਬਾਜ਼ੀ ਵਿੱਚ ਇੱਕ ਸ਼ਾਮਿਲ ਏ । ਤੀਰਅੰਦਾਜ਼ੀ ਵਿੱਚ, ਸਾਹਿਲ ਜਾਧਵ, ਕੁਸ਼ਲ ਦਲਾਲ ਅਤੇ ਗਣੇਸ਼ ਮਣੀਰਤਨਮ ਦੀ ਮਰਦਾਂ ਦੀ ਕੰਪਾਊਂਡ ਟੀਮ ਨੇ ਫਾਈਨਲ ਵਿੱਚ ਚੀਨ ਨੂੰ ਹਰਾ ਕੇ ਸੋਨੇ ਦੇ ਤਮਗਾ ਜਿੱਤਿਆ।

ਸਾਹਿਲ ਜਾਧਵ ਅਤੇ ਚਿਕਿਤਾ ਤਨਿਪਾਰਥੀ ਦੀ ਮਿਕਸਡ ਕੰਪਾਊਂਡ ਟੀਮ ਨੇ ਵੀ ਸੋਨੇ ਦਾ ਤਮਗਾ ਜਿੱਤਿਆ. ਇਸ ਜਿੱਤ ਨਾਲ, ਭਾਰਤ ਨੇ 2028 ਓਲੰਪਿਕ ਲਈ ਥਾਂ ਪੱਕੀ ਕਰ ਲਈ। ਇਸ ਦੌਰਾਨ, ਜੋਤੀ ਸੁਰੇਖਾ ਵੇਨਮ, ਚਿਕਿਤਾ ਤਨਿਪਾਰਥੀ ਅਤੇ ਪ੍ਰਤੀਕਾ ਪ੍ਰਦੀਪ ਦੀ ਔਰਤਾਂ ਦੀ ਕੰਪਾਊਂਡ ਟੀਮ ਨੇ ਸੋਨੇ ਤਮਗਾ ਜਿੱਤਿਆ। ਨਿਸ਼ਾਨੇਬਾਜ਼ੀ ਵਿੱਚ, ਨੀਰੂ ਢਾਂਡਾ ਅਤੇ ਕੀਨਨ ਚੇਨਈ ਦੀ ਭਾਰਤੀ ਜੋੜੀ ਨੇ ਟ੍ਰੈਪ ਮਿਕਸਡ ਟੀਮ ਈਵੈਂਟ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ। ਮੁੱਕੇਬਾਜ਼ੀ ਵਿੱਚ, ਪ੍ਰਿਆ ਘੰਘਸ ਨੇ ਔਰਤਾਂ ਦੇ 60 ਕਿਲੋਗ੍ਰਾਮ ਵਰਗ ਵਿੱਚ ਕਾਂਸੀ ਦਾ ਤਮਗਾ ਜਿੱਤਿਆ ਅਤੇ ਕਪਿਲ ਪੋਖਾਰੀਆ ਨੇ ਮਰਦਾਂ ਦੇ 90 ਕਿਲੋਗ੍ਰਾਮ ਵਰਗ ਵਿੱਚ ਕਾਂਸੀ ਦਾ ਤਮਗਾ ਜਿੱਤਿਆ। ਭਾਰਤ 10 ਸੋਨੇ ਦੇ, 21 ਚਾਂਦੀ ਦੇ ਅਤੇ 28 ਕਾਂਸੀ ਦੇ ਤਮਗਿਆਂ ਸਮੇਤ ਕੁੱਲ 59 ਤਮਗਿਆਂ ਨਾਲ ਸੂਚੀ ਵਿੱਚ ਸੱਤਵੇਂ ਸਥਾਨ 'ਤੇ ਪਹੁੰਚ ਗਿਆ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਸੋਨੇ ਦੇ ਤਮਗੇ ਜਿੱਤਣ ‘ਤੇ ਖਿਡਾਰੀਆਂ ਨੂੰ ਵਧਾਈ ਦਿੱਤੀ ਏ.

------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜਲੰਧਰ ਵਿਖੇ 'ਨਸ਼ਾ ਮੁਕਤ ਪੰਜਾਬ ਰੈਲੀ' ਨੂੰ ਸੰਬੋਧਨ ਕੀਤਾ -ਕਿਹਾ 2029 ਦੇ ਅਖੀਰ ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ ।

- ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਕੱਲ ਤੋਂ ਸ਼ੁਰੂ ਹੋਵੇਗੀ- ਸਰਕਾਰ ਵਲੋਂ ਸਾਰੀਆਂ ਤਿਆਰੀਆਂ ਮੁਕੰਮਲ।

- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮਿਸ਼ਨ ਕਲੀਨ ਪਟਿਆਲਾ' ਤਹਿਤ 13 ਟਨ ਤੋਂ ਵੱਧ ਕੂੜਾ ਚੁੱਕਿਆ ਗਿਆ -ਵਧੀਆ ਕਾਰਗੁਜ਼ਾਰੀ ਵਾਲੀਆਂ ਸੰਸਥਾਵਾਂ ਨੂੰ ਕੀਤਾ ਸਨਮਾਨਿਤ।

- PSPCL ਵੱਲੋਂ ਖੇਤੀਬਾੜੀ ਟਿਊਬਵੈੱਲ ਖਪਤਕਾਰਾਂ ਦੇ ਅਣ-ਅਧਿਕਾਰਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ ਵਲੰਟਰੀ ਡਿਸ-ਕਲੋਜ਼ਰ ਸਕੀਮ ਲਾਗੂ ਕੀਤੀ ਗਈ।
- ਭਾਰਤ ਨੇ ਅੱਜ ਜਾਪਾਨ ਏਸ਼ੀਆਈ ਖੇਡਾਂ ਵਿੱਚ ਤੀਰਅੰਦਾਜ਼ੀ ਵਿੱਚ ਤਿੰਨ ਅਤੇ ਨਿਸ਼ਾਨੇਬਾਜ਼ੀ ਵਿੱਚ ਇੱਕ ਸੋਨੇ ਦੇ ਤਮਗੇ ਸਮੇਤ ਸੋਨੇ ਦੇ ਕੁੱਲ ਚਾਰ ਤਮਗੇ ਜਿੱਤੇ ।

- ਮਰਦਾਂ ਦੇ ਕ੍ਰਿਕੇਟ ਵਿਚ ਤਿੰਨ, ਇੱਕ ਰੋਜ਼ਾ ਕ੍ਰਿਕੇਟ ਮੈਚਾਂ ਦੀ ਲੜੀ ਦੇ ਦੂਜੇ ਮੈਚ ਵਿਚ ਵੈਸਟਇੰਡੀਜ਼ ਨੇ ਭਾਰਤ ਸਾਹਮਣੇ 406 ਦੌੜਾਂ ਦਾ ਟੀਚਾ ਰੱਖਿਆ ।

---------------------------------------